# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :17-06-2026**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ 19 ਜੂਨ ਨੂੰ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਵਿਕਸਿਤ ਭਾਰਤ ਰੁਜ਼ਗਾਰ ਯੋਜਨਾ (PM-VBRY) ਅਧੀਨ ਕਰੀਬ 2 ਹਜ਼ਾਰ 400 ਕਰੋੜ ਰੁਪਏ ਦੇ ਲਾਭ ਵੰਡਣਗੇ। ਪੰਜਾਬ ਵਿੱਚ, ਇਹ ਪ੍ਰੋਗਰਾਮ 6 ਥਾਵਾਂ 'ਤੇ ਕਰਾਇਆ ਜਾਵੇਗਾ ।
- ਰਾਸ਼ਟਰੀ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਵਿਜਯਾ ਰਾਹਤਕਰ ਨੇ ਖੁਲਾਸਾ ਕੀਤਾ ਏ ਕਿ ਪਿਛਲੇ ਕਈ ਸਾਲਾਂ ਵਿੱਚ ਪੰਜਾਬ ਵਿੱਚ NRI ਪਤੀਆਂ ਵੱਲੋਂ ਲਗਭਗ 32 ਹਜ਼ਾਰ ਔਰਤਾਂ ਨੂੰ ਛੱਡ ਦਿੱਤਾ ਗਿਆ ਏ।
- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਚੰਡੀਗੜ੍ਹ ਚ ਪੰਜਾਬ MLA ਹੋਸਟਲ ਤੋਂ ਵਿਰਾਸਤੀ ਫਰਨੀਚਰ ਦੀ ਅਮਰੀਕਾ ‘ਚ ਕਥਿਤ ਨਿਲਾਮੀ ਬਾਰੇ ਚੰਡੀਗੜ੍ਹ ਪ੍ਰਸ਼ਾਸਨ ਤੋਂ ਵੇਰਵੇ ਸਹਿਤ ਰਿਪੋਰਟ ਮੰਗੀ ਏ ।

- ਸ਼੍ਰੀ ਅਮਰਨਾਥ ਜੀ ਯਾਤਰਾ ਦੇ ਮੱਦੇਨਜ਼ਰ ਪਠਾਨਕੋਟ ਪੁਲਿਸ ਪੂਰੀ ਤਰ੍ਹਾਂ ਚੌਕਸ. ਜੰਮੂ-ਕਸ਼ਮੀਰ ਨਾਲ ਲੱਗਦੀ ਪੰਜਾਬ ਸਰਹੱਦ 'ਤੇ 50 ਤੋਂ ਵੱਧ ਚੌਕੀਆਂ ਕਾਇਮ.
- ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅੱਜ ਲੀਡਜ਼ ਦੇ ਹੇਡਿੰਗਲੇ ਵਿੱਚ ਔਰਤਾਂ ਦੇ ICC twenty - twenty ਵਿਸ਼ਵ ਕੱਪ ਦੇ ਆਪਣੇ ਦੂਜੇ ਗਰੁੱਪ ਏ ਮੁਕਾਬਲੇ ਵਿੱਚ ਨੀਦਰਲੈਂਡ ਖਿਲਾਫ ਖੇਡੇਗਾ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ 19 ਜੂਨ ਨੂੰ ਵਿਗਿਆਨ ਭਵਨ, ਨਵੀਂ ਦਿੱਲੀ ਵਿਖੇ ਹੋਣ ਵਾਲੇ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਵਿਕਸਿਤ ਭਾਰਤ ਰੁਜ਼ਗਾਰ ਯੋਜਨਾ (PM-VBRY) ਅਧੀਨ ਕਰੀਬ 2 ਹਜ਼ਾਰ 400 ਕਰੋੜ ਰੁਪਏ ਦੇ ਲਾਭ ਵੰਡਣਗੇ। ਇਹ ਪ੍ਰੋਗਰਾਮ ਭਾਰਤ ਭਰ ਦੇ ਸਾਰੇ 200 ਸਥਾਨਾਂ 'ਤੇ ਸਿੱਧਾ ਪ੍ਰਸਾਰਿਤ ਕੀਤਾ ਜਾਵੇਗਾ ਜਿੱਥੇ ਲਾਭ ਦੀ ਵੰਡ ਵੀ ਹੋਵੇਗੀ। ਪੰਜਾਬ ਵਿੱਚ, ਇਹ ਪ੍ਰੋਗਰਾਮ ਪਟਿਆਲਾ, ਸੰਗਰੂਰ, ਲੁਧਿਆਣਾ, ਜਲੰਧਰ, ਅੰਮ੍ਰਿਤਸਰ ਅਤੇ ਬਟਾਲਾ EPFO ਦਫ਼ਤਰਾਂ ਸਮੇਤ 6 ਥਾਵਾਂ 'ਤੇ ਕਰਾਇਆ ਜਾਵੇਗਾ। ਲਾਭ ਦੀ ਵੰਡ

ਚੰਡੀਗੜ੍ਹ EPFO ਦਫ਼ਤਰ ਵਿੱਚ ਵੀ ਕੀਤੀ ਜਾਵੇਗੀ। ਇਹ ਵੰਡ ਇਸ ਯੋਜਨਾ ਨੂੰ ਲਾਗੂ ਕਰਨ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਏ ਜੋ ਕਿ ਭਾਰਤ ਸਰਕਾਰ ਦੀ ਰੁਜ਼ਗਾਰ ਨੂੰ ਹੁਲਾਰਾ ਦੇਣ ਸੰਬੰਧੀ ਪ੍ਰਮੁੱਖ ਯੋਜਨਾ ਏ ਜਿਸਦਾ ਉਦੇਸ਼ ਨੌਕਰੀਆਂ ਦੀ ਸਿਰਜਣਾ ਨੂੰ ਤੇਜ਼ ਕਰਨਾ,ਬਕਾਇਦਾ ਰੁਜ਼ਗਾਰ ਨੂੰ ਉਤਸ਼ਾਹਿਤ ਕਰਨਾ, ਰੁਜ਼ਗਾਰਯੋਗਤਾ ਨੂੰ ਵਧਾਉਣਾ ਅਤੇ ਵੱਖ-ਵੱਖ ਖੇਤਰਾਂ ਵਿੱਚ ਸਮਾਜਿਕ ਸੁਰੱਖਿਆ ਕਵਰੇਜ ਦਾ ਪਸਾਰ ਕਰਨਾ ਏ. ਇਸ ਯੋਜਨਾ ਨੇ ਪਹਿਲਾਂ ਹੀ ਦੇਸ਼ ਭਰ ਵਿੱਚ 15 ਲੱਖ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਮਦਦ ਕੀਤੀ ਏ.

------------------------------------------------------------

ਔਰਤਾਂ ਬਾਰੇ ਰਾਸ਼ਟਰੀ ਕਮਿਸ਼ਨ (NCW) ਦੇ ਚੇਅਰਪਰਸਨ ਵਿਜਯਾ ਰਹਿਤਕਰ ਨੇ ਖੁਲਾਸਾ ਕੀਤਾ ਏ ਕਿ ਪਿਛਲੇ ਕਈ ਸਾਲਾਂ ਵਿੱਚ ਪੰਜਾਬ ਵਿੱਚ NRI ਪਤੀਆਂ ਵਲੋਂ ਕਰੀਬ 32,ਹਜ਼ਾਰ ਔਰਤਾਂ ਨੂੰ ਛੱਡ ਦਿੱਤਾ ਗਿਆ ਏ। ਉਨ੍ਹਾਂ ਕਿਹਾ ਕਿ ਇਹ ਸੂਬੇ ਵਿੱਚ NRI ਵਿਆਹ ਧੋਖਾਧੜੀ ਦੀ ਵੱਧ ਰਹੀ ਚੁਣੌਤੀ ਏ। ਕੱਲ੍ਹ ਰੋਪੜ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਅਧਿਕਾਰੀਆਂ ਨਾਲ ਔਰਤਾਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਉਨ੍ਹਾਂ ਨੂੰ ਪ੍ਰਦਾਨ ਕੀਤੀ ਜਾ ਰਹੀ ਪ੍ਰਸ਼ਾਸਕੀ ਅਤੇ ਪੁਲਿਸ ਸਹਾਇਤਾ ਬਾਰੇ ਸਮੀਖਿਆ ਮੀਟਿੰਗਾਂ ਕਰਦੇ ਹੋਏ, ਉਨ੍ਹਾਂ ਨੇ ਤਿਆਗੀਆਂ ਔਰਤਾਂ ਦੇ ਇਸ ਉਪਲਬਧ ਅੰਕੜਿਆਂ ਦਾ ਹਵਾਲਾ ਦਿੱਤਾ ਅਤੇ ਇਨ੍ਹਾਂ ਪ੍ਰਭਾਵਿਤ ਔਰਤਾਂ

ਦੀ ਸਹਾਇਤਾ ਲਈ ਤੇਜ਼ ਜਾਂਚ, ਬਿਹਤਰ ਅੰਤਰ-ਏਜੰਸੀ ਤਾਲਮੇਲ ਅਤੇ ਸਮੇਂ ਸਿਰ ਕਾਨੂੰਨੀ ਦਖਲਅੰਦਾਜ਼ੀ ਦੀ ਮੰਗ ਕੀਤੀ। ਇਸ ਤੋਂ ਪਹਿਲਾਂ, ਓਹਨਾਂ ਚੰਡੀਗੜ੍ਹ ਵਿਖੇ ਪੰਜਾਬ ਦੇ ਰਾਜਪਾਲ, ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਅਤੇ ਪੰਜਾਬ ਵਿੱਚ ਕੁੜੀਆਂ ਅਤੇ ਔਰਤਾਂ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੀ ਵੱਧ ਰਹੀ ਚੁਣੌਤੀ ਅਤੇ ਇਸ ਉੱਭਰ ਰਹੀ ਸਮਾਜਿਕ ਚਿੰਤਾ ਨੂੰ ਹੱਲ ਕਰਨ ਲਈ ਕੇਂਦਰਿਤ ਦਖਲਅੰਦਾਜ਼ੀ ਦੀ ਜ਼ਰੂਰਤ 'ਤੇ ਚਰਚਾ ਕੀਤੀ।

-----------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਹਾਲ ਹੀ ਵਿੱਚ ਅਮਰੀਕਾ ਵਿੱਚ MLA ਹੋਸਟਲ ਵਿਰਾਸਤੀ ਫਰਨੀਚਰ ਦੀ ਨਿਲਾਮੀ ਸੰਬੰਧੀ ਚੰਡੀਗੜ੍ਹ ਪ੍ਰਸ਼ਾਸਨ ਤੋਂ ਰਿਪੋਰਟ ਮੰਗੀ ਏ । ਇਸ ਸਬੰਧ ਵਿੱਚ ਸੰਬੰਧਿਤ ਅਧਿਕਾਰੀਆਂ ਨਾਲ ਇੱਕ ਉੱਚ-ਪੱਧਰੀ ਮੀਟਿੰਗ ਕੀਤੀ ਗਈ ਤਾਂ ਜੋ ਇਹ ਪਤਾ ਲਾਇਆ ਜਾ ਸਕੇ ਕਿ ਇਨ੍ਹਾਂ ਵਿਰਾਸਤੀ ਵਸਤਾਂ ਦੀ ਦੇਖ – ਰੇਖ ਕੌਣ ਕਰ ਰਿਹਾ ਸੀ. ਇਸ ਮਾਮਲੇ ਦਾ ਗੰਭੀਰ ਨੋਟਿਸ ਲੈਂਦੇ ਹੋਏ, ਸਪੀਕਰ ਸੰਧਵਾਂ ਨੇ ਕਿਹਾ ਕਿ ਇਸ ਅਪਰਾਧ ਨੂੰ ਕਰਨ ਵਾਲਿਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ। ਇਹ ਕਾਰਵਾਈ 4 ਜੂਨ ਨੂੰ ਸ਼ਿਕਾਗੋ ਵਿੱਚ ਚੰਡੀਗੜ੍ਹ ਦੇ ਪੰਜਾਬ MLA ਹੋਸਟਲ ਤੋਂ ਬਿਨਾਂ

ਸਰਕਾਰ ਦੀ ਜਾਣਕਾਰੀ ਦੇ 72 ਹਜ਼ਾਰ 720 ਡਾਲਰ ਭਾਵ 59 ਲੱਖ ਰੁਪਏ ਤੋਂ ਵੱਧ ਦੀਆਂ ਵਿਰਾਸਤੀ ਕੁਰਸੀਆਂ ਦੀ ਇੱਕ ਜੋੜੀ ਅਤੇ ਚਾਰ ਨੀਵੇਂ ਸਟੂਲ ਦੇ ਸੈੱਟ ਦੀ ਨਿਲਾਮੀ ਸੰਬੰਧੀ ਇੱਕ ਖ਼ਬਰ ਪ੍ਰਕਾਸ਼ਿਤ ਹੋਣ ਤੋਂ ਬਾਅਦ ਕੀਤੀ ਗਈ ਏ. ਇਹ ਵਿਰਾਸਤੀ ਫਰਨੀਚਰ ਵਸਤਾਂ ਆਰਕੀਟੈਕਟ, ਲੇ ਕੋਰਬੁਸੀਅਰ ਅਤੇ ਪੀਅਰੇ ਜੀਨੇਰੇਟ ਵਲੋਂ ਡਿਜ਼ਾਈਨ ਕੀਤੀਆਂ ਗਈਆਂ ਸਨ ਜਦੋਂ ਚੰਡੀਗੜ੍ਹ ਬਣਾਇਆ ਜਾ ਰਿਹਾ ਸੀ। <><

------------------------------------------------------------

ਪੰਜਾਬ ਦੇ ਖਜ਼ਾਨਾ ਅਤੇ ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕੇਂਦਰ ਸਰਕਾਰ ਨੂੰ ਜ਼ਹਿਰੀਲੀ ਸ਼ਰਾਬ ਬਣਾਉਣ ਲਈ ਇਸਤੇਮਾਲ ਹੋਣ ਵਾਲੇ ਮਿਥਾਈਲ ਅਲਕੋਹਲ (ਮੈਥਾਨੋਲ) ‘ਤੇ ਪਾਬੰਦੀ ਲਾਉਣ ਲਈ ਤੁਰੰਤ ਅਤੇ ਫੈਸਲਾਕੁੰਨ ਕਦਮ ਚੁੱਕਣ ਦੀ ਅਪੀਲ ਕੀਤੀ ਏ। ਉਨ੍ਹਾਂ ਨੇ ਕੀਮਤੀ ਮਨੁੱਖੀ ਜਾਨਾਂ ਬਚਾਉਣ ਅਤੇ ਭਵਿੱਖ ਵਿੱਚ ਜ਼ਹਿਰੀਲੀ ਸ਼ਰਾਬ ਦੇ ਦੁਖਾਂਤ ਨੂੰ ਰੋਕਣ ਲਈ ਇੱਕ ਵਿਸ਼ੇਸ਼ ਕੇਂਦਰੀ ਕਾਨੂੰਨ ਬਣਾਉਣ ਦੀ ਤੁਰੰਤ ਲੋੜ 'ਤੇ ਵੀ ਜ਼ੋਰ ਦਿੱਤਾ। ਖਜ਼ਾਨਾ ਮੰਤਰੀ ਨੇ ਅੱਜ ਇਹ ਵਿਚਾਰ ਆਬਕਾਰੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਡੀ.ਕੇ. ਤਿਵਾੜੀ ਅਤੇ ਆਬਕਾਰੀ ਤੇ ਕਰ ਕਮਿਸ਼ਨਰ ਜਿਤੇਂਦਰ ਜੋਰਵਾਲ ਨਾਲ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ

ਪ੍ਰਧਾਨਗੀ ਕਰਦਿਆਂ ਪ੍ਰਗਟ ਕੀਤੇ। ਮਨੁੱਖੀ ਜਾਨਾਂ ਦੀ ਰਾਖੀ ਲਈ ਜ਼ਰੂਰੀ ਕੇਂਦਰੀ ਦਖਲਅੰਦਾਜ਼ੀ ਦੀ ਮੰਗ ਕਰਦਿਆਂ, ਮੰਤਰੀ ਨੇ ਆਬਕਾਰੀ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਇਸ ਮਹੱਤਵਪੂਰਨ ਜਨਤਕ ਸੁਰੱਖਿਆ ਮੁੱਦੇ 'ਤੇ ਪਹਿਲਾਂ ਭੇਜੇ ਗਏ ਉੱਚ-ਪੱਧਰੀ ਪੱਤਰ-ਵਿਹਾਰ ਦੇ ਸਬੰਧ ਵਿੱਚ ਕੇਂਦਰੀ ਮੰਤਰਾਲੇ ਦੇ ਅਧਿਕਾਰੀਆਂ ਨਾਲ ਤੁਰੰਤ ਰਾਬਤਾ ਕਾਇਮ ਕਰਨ।

---------------------------------------------------------------

ਸ੍ਰੀ ਅਮਰਨਾਥ ਜੀ ਯਾਤਰਾ ਕੁਝ ਦਿਨਾਂ ਵਿੱਚ ਸ਼ੁਰੂ ਹੋਣ ਵਾਲੀ ਏ , ਅਤੇ ਪਠਾਨਕੋਟ ਪੁਲਿਸ ਪੂਰੀ ਤਰ੍ਹਾਂ ਚੌਕਸ ਅਤੇ ਹਾਈ ਅਲਰਟ 'ਤੇ ਏ । ਯਾਤਰਾ ਦੌਰਾਨ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ, ਪ ਠਾਨਕੋਟ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਸ਼ੇਸ਼ ਭਾਲ ਕਾਰਵਾਈਆਂ ਚਲਾਈਆਂ ਜਾ ਰਹੀਆਂ ਨੇ. ਇਸ ਸਮੇਂ ਦੌਰਾਨ, ਅੰਤਰਰਾਜੀ ਚੌਕੀਆਂ ਤੋਂ ਇਲਾਵਾ, ਜ਼ਿਲ੍ਹੇ ਦੇ ਮੁੱਖ ਚੌਰਾਹਿਆਂ, ਮੁੱਖ ਸੜ੍ਹਕਾਂ, ਬਾਜ਼ਾਰਾਂ ਅਤੇ ਸੰਵੇਦਨਸ਼ੀਲ ਸਥਾਨਾਂ 'ਤੇ ਰੈੱਡ ਅਲਰਟ ਚੌਕੀਆਂ ਕਾਇਮ ਕੀਤੀਆਂ ਜਾ ਰਹੀਆਂ ਨੇ, ਅਤੇ ਵਾਹਨਾਂ ਅਤੇ ਲੋਕਾਂ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾ ਰਹੀ ਏ । ਪੁਲਿਸ ਜੰਮੂ-ਕਸ਼ਮੀਰ ਨਾਲ ਲੱਗਦੀ ਪੰਜਾਬ ਸਰਹੱਦ 'ਤੇ 50 ਤੋਂ ਵੱਧ ਚੌਕੀਆਂ ਕਾਇਮ ਕਰਕੇ

ਜੰਮੂ-ਕਸ਼ਮੀਰ ਤੋਂ ਆਉਣ ਵਾਲੇ ਵਾਹਨਾਂ ਦੀ ਜਾਂਚ ਕਰ ਰਹੀ ਏ, ਜਿਸ ਵਿੱਚ ਭਾਰਤ-ਪਾਕਿਸਤਾਨ ਸਰਹੱਦ 'ਤੇ ਪਠਾਨਕੋਟ ਖੇਤਰ ਵੀ ਸ਼ਾਮਲ ਏ । ਇਸ ਬਾਰੇ ਖੁਲਾਸਾ ਕਰਦੇ ਹੋਏ, ਡੀਐਸਪੀ ਸਦਰਮੁਕਾਮ ਆਰ.ਕੇ. ਸ਼ਰਮਾ ਨੇ ਕਿਹਾ ਕਿ ਪੰਜਾਬ ਪੁਲਿਸ ਵਲੋਂ ਸ੍ਰੀ ਅਮਰਨਾਥ ਜੀ ਯਾਤਰਾ ਦੇ ਸੁਰੱਖਿਅਤ ਅਤੇ ਸ਼ਾਂਤੀਪੂਰਨ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਵਿਆਪਕ ਸੁਰੱਖਿਆ ਪ੍ਰਬੰਧ ਕੀਤੇ ਜਾ ਰਹੇ ਨੇ-

byte – DSP RK SHARMA – 24 sec

---------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਇੱਕ ਵੱਡੀ ਕਾਮਯਾਬੀ ‘ਚ ਪਾਕਿਸਤਾਨੀ ਸੰਬੰਧ ਵਾਲੇ ਗੈਂਗਸਟਰ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਕਈ ਖ਼ਤਰਨਾਕ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ ਤੇ 10 ਪਾਕਿਸਤਾਨੀ ਪਿਸਤੌਲ ਬਰਾਮਦ ਕੀਤੇ ਨੇ. ਡੀਆਈਜੀ ਬਾਰਡਰ ਰੇਂਜ ਹਰਮਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਅੰਮ੍ਰਿਤਸਰ ਦਿਹਾਤੀ ਪੁਲਿਸ ਅਤੇ ਹੋਰ ਖੁਫੀਆ ਏਜੰਸੀਆਂ ਦੇ ਸਾਂਝੇ ਆਪਰੇਸ਼ਨ ਤਹਿਤ ਇੱਕ ਵੱਡੇ ਗੈਂਗਸਟਰ ਅਤੇ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਗਿਆ ਏ । ਇਸ ਕਾਰਵਾਈ ਦੌਰਾਨ 5 ਤੋਂ 6 ਮੁੱਖ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ, ਜਿਨ੍ਹਾਂ ਦੇ ਤਾਰ ਵਿਦੇਸ਼ੀ ਤਾਕਤਾਂ

ਅਤੇ ਗੈਂਗਸਟਰ ਨੈੱਟਵਰਕ ਨਾਲ ਜੁੜੇ ਹੋਏ ਸਾਹਮਣੇ ਆਏ ਨੇ. ਇਨ੍ਹਾਂ ਦੇ ਆਈਐਸਆਈ ਨਾਲ ਸੰਬੰਧ ਹੋਣ ਦੀ ਵੀ ਜਾਣਕਾਰੀ ਮਿਲੀ ਏ. ਜਿਨ੍ਹਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਏ । ਵਧੇਰੇ ਜਾਣਕਾਰੀ ਦਿੰਦਿਆਂ ਓਹਨਾਂ ਦੱਸਿਆ.

---------------------------------------------------------

ਸ੍ਰੀ ਗੁਰੂ ਅਰਜਨ ਦੇਵ ਜੀ ਦੇ 420ਵੇਂ ਸ਼ਹੀਦੀ ਦਿਹਾੜੇ ਦੇ ਸਬੰਧ ਵਿੱਚ ਅੱਜ ਤਰਨਤਾਰਨ ਸਥਿਤ ਸ੍ਰੀ ਦਰਬਾਰ ਸਾਹਿਬ ਸਰਾਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਜ਼ਿਕਰਯੋਗ ਏ ਕਿ 18 ਜੂਨ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦਾ 420ਵਾਂ ਸ਼ਹੀਦੀ ਦਿਹਾੜਾ ਤਰਨਤਾਰਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਵਿਖੇ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ.

---------------------------------------------------------

- ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅੱਜ ਲੀਡਜ਼ ਦੇ ਹੇਡਿੰਗਲੇ ਵਿੱਚ ਔਰਤਾਂ ਦੇ ICC twenty - twenty ਵਿਸ਼ਵ ਕੱਪ ਦੇ

ਆਪਣੇ ਦੂਜੇ ਗਰੁੱਪ ਏ ਮੁਕਾਬਲੇ ਵਿੱਚ ਨੀਦਰਲੈਂਡ ਖਿਲਾਫ ਖੇਡੇਗਾ । ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ 7 ਵਜੇ ਸ਼ੁਰੂ ਹੋਏਗਾ ।

------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ 19 ਜੂਨ ਨੂੰ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਵਿਕਸਿਤ ਭਾਰਤ ਰੁਜ਼ਗਾਰ ਯੋਜਨਾ (PM-VBRY) ਅਧੀਨ ਕਰੀਬ 2 ਹਜ਼ਾਰ 400 ਕਰੋੜ ਰੁਪਏ ਦੇ ਲਾਭ ਵੰਡਣਗੇ। ਪੰਜਾਬ ਵਿੱਚ, ਇਹ ਪ੍ਰੋਗਰਾਮ 6 ਥਾਵਾਂ 'ਤੇ ਕਰਾਇਆ ਜਾਵੇਗਾ ।
- ਰਾਸ਼ਟਰੀ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਵਿਜਯਾ ਰਾਹਤਕਰ ਨੇ ਖੁਲਾਸਾ ਕੀਤਾ ਏ ਕਿ ਪਿਛਲੇ ਕਈ ਸਾਲਾਂ ਵਿੱਚ ਪੰਜਾਬ ਵਿੱਚ NRI ਪਤੀਆਂ ਵੱਲੋਂ ਲਗਭਗ 32 ਹਜ਼ਾਰ ਔਰਤਾਂ ਨੂੰ ਛੱਡ ਦਿੱਤਾ ਗਿਆ ਏ।
- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਚੰਡੀਗੜ੍ਹ ਚ ਪੰਜਾਬ MLA ਹੋਸਟਲ ਤੋਂ ਵਿਰਾਸਤੀ ਫਰਨੀਚਰ ਦੀ ਅਮਰੀਕਾ ‘ਚ ਕਥਿਤ ਨਿਲਾਮੀ ਬਾਰੇ ਚੰਡੀਗੜ੍ਹ ਪ੍ਰਸ਼ਾਸਨ ਤੋਂ ਵੇਰਵੇ ਸਹਿਤ ਰਿਪੋਰਟ ਮੰਗੀ ਏ ।

- ਸ਼੍ਰੀ ਅਮਰਨਾਥ ਜੀ ਯਾਤਰਾ ਦੇ ਮੱਦੇਨਜ਼ਰ ਪਠਾਨਕੋਟ ਪੁਲਿਸ ਪੂਰੀ ਤਰ੍ਹਾਂ ਚੌਕਸ. ਜੰਮੂ-ਕਸ਼ਮੀਰ ਨਾਲ ਲੱਗਦੀ ਪੰਜਾਬ ਸਰਹੱਦ 'ਤੇ 50 ਤੋਂ ਵੱਧ ਚੌਕੀਆਂ ਕਾਇਮ.
- ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅੱਜ ਲੀਡਜ਼ ਦੇ ਹੇਡਿੰਗਲੇ ਵਿੱਚ ਔਰਤਾਂ ਦੇ ICC twenty - twenty ਵਿਸ਼ਵ ਕੱਪ ਦੇ ਆਪਣੇ ਦੂਜੇ ਗਰੁੱਪ ਏ ਮੁਕਾਬਲੇ ਵਿੱਚ ਨੀਦਰਲੈਂਡ ਖਿਲਾਫ ਖੇਡੇਗਾ।

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ 7 ਵਜੇ ਹੋਏਗਾ**

**ਨਮਸ੍ਕਾਰ**